**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ.),
ਪੰਜਾਬ ਰਾਜ।

ਮੀਮੋ ਨੰ: 15/51-2015 ਰੈ(1)/2020214121
ਮਿਤੀ: 07/09/2020

**ਵਿਸ਼ਾ:-** **ਪੰਜਾਬ ਸਕੂਲ ਸਿੱਖਿਆ ਬੋਰਡ ਦੀ ਰਜਿਸਟ੍ਰੇਸ਼ਨ ਫੀਸ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਮੁੱਖ ਦਫ਼ਤਰ ਦੇ ਇਹ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਪ੍ਰਾਈਵੇਟ ਸਕੂਲ, ਜੋ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ ਹਨ, ਵਿਦਿਆਰਥੀਆਂ ਤੋਂ ਬੋਰਡ ਦੁਆਰਾ ਨਿਰਧਾਰਿਤ ਰਜਿਸਟ੍ਰੇਸ਼ਨ ਫੀਸ ਤੋਂ ਵੱਧ ਫੀਸ ਲੈ ਰਹੇ ਹਨ। ਇਸ ਸਬੰਧ ਵਿੱਚ ਆਪ ਨੂੰ ਦੱਸਿਆ ਜਾਂਦਾ ਹੈ ਕਿ ਬੋਰਡ ਦੁਆਰਾ ਲਈ ਜਾਣ ਵਾਲੀ ਰਜਿਸਟ੍ਰੇਸ਼ਨ ਫੀਸ ਬੋਰਡ ਦੀ ਵੈੱਬਸਾਈਟ ਤੇ ਉਪਲਬਧ ਹੈ, ਜੇਕਰ ਕੋਈ ਵੀ ਪ੍ਰਾਈਵੇਟ ਸਕੂਲ ਨਿਸ਼ਚਿਤ ਫੀਸ ਤੋਂ ਜ਼ਿਆਦਾ ਰਜਿਸਟ੍ਰੇਸ਼ਨ ਫੀਸ ਵਸੂਲਦਾ ਹੈ ਤਾਂ ਇਹ ਨਿਯਮਾਂ ਦੀ ਉਲੰਘਣਾ ਹੈ।

3.0 ਜੇਕਰ ਕੋਈ ਅਜਿਹਾ ਕੇਸ ਆਪ ਦੇ ਜਿਲ੍ਹੇ ਨਾਲ ਸਬੰਧਤ ਹੈ ਤਾਂ ਉਸ ਦੀ ਸੂਚਨਾ ਲਿਖਤੀ ਰੂਪ ਵਿੱਚ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਭੇਜਦੇ ਹੋਏ ਉਤਾਰਾ ਇਸ ਦਫ਼ਤਰ ਨੂੰ ਵੀ ਭੇਜਿਆ ਜਾਵੇ ਅਤੇ ਆਪਣੇ ਜਿਲ੍ਹੇ ਦੇ ਨੋਡਲ ਅਫ਼ਸਰ ਨੂੰ ਵੀ ਇਸ ਸਬੰਧੀ ਜਾਣੂ ਕਰਵਾਇਆ ਜਾਵੇ। ਇਸ ਪੱਤਰ ਦਾ ਉਤਾਰਾ ਆਪਣੇ ਜਿਲ੍ਹੇ ਦੇ ਸਬੰਧਤ ਪ੍ਰਾਈਵੇਟ ਸਕੂਲਾਂ ਨੂੰ ਵੀ ਭੇਜਿਆ ਜਾਵੇ।

**ਸਕੱਤਰ ਸਕੂਲ ਸਿੱਖਿਆ**

ਪਿੱਠ ਅੰਕਣ ਨੰ: ਉਕਤ/2020214122 ਮਿਤੀ: 07/09/2020

ਉਪਰੋਕਤ ਦਾ ਉਤਾਰਾ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਸਕੱਤਰ ਸਕੂਲ ਸਿੱਖਿਆ**